## ਪੰਜਾਬ ਵਿਧਾਨ ਸਭਾ ਸਕੱਤਰੇਤ
(ਵਿਧਾਨ ਸ਼ਾਖਾ)

ਹੁਕਮ ਨੰ: 40-ਐਲ.ਏ.-2023/ 17027

ਪੰਜਾਬ ਵਿਧਾਨ ਸਭਾ ਵਿੱਚ ਨੈਸ਼ਨਲ ਈ-ਵਿਧਾਨ ਐਪਲੀਕੇਸ਼ਨ (NeVA) ਲਾਗੂ ਕਰ ਦਿੱਤਾ ਗਿਆ ਹੈ, ਜਿਸ ਦੇ ਲਾਗੂ ਹੋ ਜਾਣ ਕਾਰਣ ਹੁਣ ਪੰਜਾਬ ਵਿਧਾਨ ਸਭਾ ਦੇ ਸਮਾਗਮਾਂ ਦਾ ਕੰਮ-ਕਾਰ ਨੈਸ਼ਨਲ ਈ-ਵਿਧਾਨ ਐਪਲੀਕੇਸ਼ਨ ਰਾਹੀਂ ਕੀਤਾ ਜਾਵੇਗਾ। ਮਾਣਯੋਗ ਮੈਂਬਰ ਸਾਹਿਬਾਨ ਦੁਆਰਾ ਪ੍ਰਸ਼ਨਾਂ/ ਧਿਆਨ ਦਿਵਾਊ ਨੋਟਿਸਾਂ/ ਕੰਮ ਰੋਕੋ ਪ੍ਰਸਤਾਵਾਂ/ ਮਤੇ/ ਵਿਸ਼ੇਸ਼ ਅਧਿਕਾਰਾਂ ਦੇ ਪ੍ਰਸ਼ਨਾਂ/ ਮੋਸ਼ਨ ਅੰਡਰ ਰੂਲ 77 ਆਦਿ ਸਾਰੇ ਨੋਟਿਸ ਉਕਤ ਪੋਰਟਲ ਦੀ ਵਰਤੋਂ ਕਰਦੇ ਹੋਏ ਕਾਗਜ਼ ਰਹਿਤ ਤਰੀਕੇ ਨਾਲ ਦਿੱਤੇ ਜਾਣ। ਸਦਨ ਦੀ ਮੇਜ਼ ਤੇ ਰੱਖੇ ਜਾਣ ਵਾਲੇ ਕਾਗਜ਼-ਪੱਤਰ ਵੀ ਨੇਵਾ ਪੋਰਟਲ ਰਾਹੀਂ ਹੀ ਸਦਨ ਵਿੱਚ ਰੱਖੇ ਜਾਣ। ਸਰਕਾਰ ਦੇ ਸਬੰਧਤ ਵਿਭਾਗਾਂ ਵੱਲੋਂ ਵਿਧਾਨ ਸਭਾ ਸਕੱਤਰੇਤ ਵੱਲੋਂ ਭੇਜੇ ਗਏ ਨੋਟਿਸਾਂ/ ਪ੍ਰਸਤਾਵਾਂ ਦਾ ਜਵਾਬ ਵੀ ਨੇਵਾ ਪੋਰਟਲ ਰਾਹੀਂ ਕਾਗਜ਼ ਰਹਿਤ ਵਿਧੀ ਰਾਹੀਂ ਦਿੱਤਾ ਜਾਣਾ ਯਕੀਨੀ ਬਣਾਇਆ ਜਾਵੇ।

ਜੇਕਰ ਪੰਜਾਬ ਵਿਧਾਨ ਸਭਾ ਦੀ ਕਾਰਜ ਵਿਧੀ ਅਤੇ ਕਾਰਜ ਸੰਚਾਲਣ ਨਿਯਮਾਂਵਲੀ ਦਾ/ਦੇ ਕੋਈ ਨਿਯਮ ਉਕਤ ਨਾਲ ਅਸੰਗਤ ਹੋਏ/ਹੋਣ, ਤਾਂ ਉਹ ਨਿਯਮ ਉਸ ਹੱਦ ਤੱਕ ਮੁਅੱਤਲ ਰਹੇਗਾ/ਰਹਿਣਗੇ।

ਬਾ ਹੁਕਮ
ਮਾਣਯੋਗ ਸਪੀਕਰ,
ਪੰਜਾਬ ਵਿਧਾਨ ਸਭਾ।

---

ਚੰਡੀਗੜ੍ਹ:
10 ਅਕਤੂਬਰ, 2023

ਰਾਮ ਲੋਕ ਖਟਾਣਾ,
ਸਕੱਤਰ।

ਸੇਵਾ ਵਿੱਚ

ਪੰਜਾਬ ਵਿਧਾਨ ਸਭਾ ਦੇ ਸਮੂਹ ਮੈਂਬਰ ਸਾਹਿਬਾਨ।

---

ਨੰ: 40-ਐਲ.ਏ.-2023/17028 ਮਿਤੀ ਚੰਡੀਗੜ੍ਹ, 10 ਅਕਤੂਬਰ, 2023

ਕਾਪੀ ਨਿਮਨਲਿਖਤ ਨੂੰ ਸੂਚਨਾ ਲਈ ਭੇਜੀ ਜਾਂਦੀ ਹੈ:-

1. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ;
2. ਸਾਰੇ ਵਧੀਕ ਮੁੱਖ ਸਕੱਤਰ/ਵਿੱਤ ਕਮਿਸ਼ਨਰ/ਪ੍ਰਮੁੱਖ ਸਕੱਤਰ/ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ, ਚੰਡੀਗੜ;
3. ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸੰਸਦੀ ਮਾਮਲੇ ਵਿਭਾਗ, ਚੰਡੀਗੜ; ਅਤੇ
4. ਵਿਸ਼ੇਸ਼ ਪ੍ਰਮੁੱਖ ਸਕੱਤਰ/ ਮਾਣਯੋਗ ਮੁੱਖ ਮੰਤਰੀ, ਪੰਜਾਬ, ਚੰਡੀਗੜ੍ਹ।

ਸੁਪਰਡੰਟ,
ਵਾਸਤੇ ਸਕੱਤਰ।